**ਗਉੜੀ ਮਾਲਾ ੫ ॥ ਮਾਧਉ ਹਰਿ ਹਰਿ ਹਰਿ ਮੁਖਿ ਕਹੀਐ ॥ ਹਮ ਤੇ ਕਛੂ ਨ ਹੋਵੈ ਸੁਆਮੀ ਜਿਉ ਰਾਖਹੁ ਤਿਉ ਰਹੀਐ ॥੧॥ ਰਹਾਉ ॥ ਕਿਆ ਕਿਛੁ ਕਰੈ ਕਿ ਕਰਣੈਹਾਰਾ ਕਿਆ ਇਸੁ ਹਾਥਿ ਬਿਚਾਰੇ ॥ ਜਿਤੁ ਤੁਮ ਲਾਵਹੁ ਤਿਤ ਹੀ ਲਾਗਾ ਪੂਰਨ ਖਸਮ ਹਮਾਰੇ ॥੧॥ ਕਰਹੁ ਕ੍ਰਿਪਾ ਸਰਬ ਕੇ ਦਾਤੇ ਏਕ ਰੂਪ ਲਿਵ ਲਾਵਹੁ ॥ ਨਾਨਕ ਕੀ ਬੇਨੰਤੀ ਹਰਿ ਪਹਿ ਅਪੁਨਾ ਨਾਮੁ ਜਪਾਵਹੁ ॥੨॥੭॥੧੬੫॥ {ਪੰਨਾ 216}**

ਪਦਅਰਥ:- ਮਾਧਉ—{ਮਾ-ਧਵ। ਮਾ—ਮਾਇਆ। ਧਵ—ਪਤੀ} ਹੇ ਮਾਇਆ ਦੇ ਪਤੀ ਪਰਮਾਤਮਾ! ਮੁਖਿ—ਮੂੰਹ ਨਾਲ। ਕਹੀਐ—ਆਖ ਸਕੀਏ। ਹਮ ਤੇ—ਸਾਥੋਂ। ਸੁਆਮੀ—ਹੇ ਸੁਆਮੀ!।1। ਰਹਾਉ।

ਕਿ—ਕੀਹ? ਇਸੁ ਹਾਥਿ—ਇਸ (ਜੀਵ) ਦੇ ਹੱਥ ਵਿਚ। ਜਿਤੁ—ਜਿਸ ਪਾਸੇ। ਤਿਤ ਹੀ—ਉਸ ਪਾਸੇ ਹੀ {ਨੋਟ:- ਲਫ਼ਜ਼ 'ਜਿਤੁ' ਵਾਂਗ 'ਤਿਤੁ' ਦੇ ਅਖ਼ੀਰ ਤੇ ਭੀ ੁ ਸੀ, ਜੋ 'ਕ੍ਰਿਆ ਵਿਸ਼ੇਸ਼ਣ' 'ਹੀ' ਦੇ ਕਾਰਨ ਡਿੱਗ ਪਿਆ ਹੈ}। ਖਸਮ—ਹੇ ਖਸਮ!।1।

ਦਾਤੇ—ਹੇ ਦਾਤਾਰ! ਏਕ ਰੂਪ ਲਿਵ—ਆਪਣੇ ਇਕ ਸਰੂਪ ਦੀ ਲਗਨ। ਲਾਵਹੁ—ਪੈਦਾ ਕਰੋ। ਪਹਿ—ਪਾਸ, ਕੋਲ।2।

ਅਰਥ:- ਹੇ ਸੁਆਮੀ ਪ੍ਰਭੂ! ਸਾਥੋਂ ਜੀਵਾਂ ਪਾਸੋਂ ਕੁਝ ਨਹੀਂ ਹੋ ਸਕਦਾ। ਜਿਸ ਤਰ੍ਹਾਂ ਤੂੰ ਸਾਨੂੰ ਰੱਖਦਾ ਹੈਂ, ਉਸੇ ਤਰ੍ਹਾਂ ਹੀ ਅਸੀਂ ਰਹਿੰਦੇ ਹਾਂ। ਹੇ ਮਾਇਆ ਦੇ ਪਤੀ ਪ੍ਰਭੂ! ਹੇ ਹਰੀ! (ਮਿਹਰ ਕਰ, ਤਾ ਕਿ ਅਸੀ) ਤੇਰਾ ਨਾਮ ਮੂੰਹੋਂ ਉਚਾਰ ਸਕੀਏ।1। ਰਹਾਉ।

ਹੇ ਮੇਰੇ ਸਰਬ-ਵਿਆਪਕ ਖਸਮ-ਪ੍ਰਭੂ! ਇਹ ਜੀਵ ਕੀਹ ਕਰੇ? ਇਹ ਕੀਹ ਕਰਨ-ਜੋਗਾ ਹੈ? ਇਸ ਵਿਚਾਰੇ ਦੇ ਹੱਥ ਵਿਚ ਕੀਹ ਹੈ? (ਇਹ ਜੀਵ ਆਪਣੇ ਆਪ ਕੁਝ ਨਹੀਂ ਕਰਦਾ, ਕੁਝ ਨਹੀਂ ਕਰ ਸਕਦਾ, ਇਸ ਦੇ ਹੱਥ ਵਿਚ ਕੋਈ ਤਾਕਤ ਨਹੀਂ)। ਜਿਸ ਪਾਸੇ ਤੂੰ ਇਸ ਨੂੰ ਲਾਂਦਾ ਹੈਂ, ਉਸੇ ਪਾਸੇ ਹੀ ਇਹ ਲੱਗਾ ਫਿਰਦਾ ਹੈ।1।

ਹੇ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲੇ ਪ੍ਰਭੂ! ਮਿਹਰ ਕਰ, ਮੈਨੂੰ ਸਿਰਫ਼ ਆਪਣੇ ਹੀ ਸਰੂਪ ਦੀ ਲਗਨ ਬਖ਼ਸ਼।

ਮੈਂ ਨਾਨਕ ਦੀ ਪਰਮਾਤਮਾ ਪਾਸ (ਇਹੀ) ਬੇਨਤੀ ਹੈ (—ਹੇ ਪ੍ਰਭੂ!) ਮੈਥੋਂ ਆਪਣਾ ਨਾਮ ਜਪਾ।2।7। 165।